

ਸ੍ਰੀ ਅਨੰਦਪੁਰ ਸਾਹਿਬ ਵਿਖੇ ਕਥਿਤ ਦੋਸ਼ੀ ਨਾਲ ਪੁਲਿਸ ਪਾਰਟੀ।

# 36 ਬੋਤਲਾਂ ਸ਼ਰਾਬ ਸਮੇਤ ਇਕ ਕਾਬੂ

ਸ੍ਰੀ ਅਨੰਦਪੁਰ ਸਾਹਿਬ, 27 ਫਰਵਰੀ (ਜੇ. ਐਸ. ਨਿੱਕੂਵਾਲ)-ਸਥਾਨਕ ਸ਼ਹਿਰੀ ਪੁਲਿਸ ਨੇ 36 ਬੋਤਲਾਂ ਸ਼ਰਾਬ ਸਮੇਤ ਇਕ ਵਿਅਕਤੀ ਨੂੰ ਕਾਬੂ ਕੀਤਾ ਹੈ। ਚੌਂਕੀ ਇੰਚਾਰਜ ਗੁਰਮੁਖ ਸਿੰਘ ਨੇ ਦੱਸਿਆ ਕਿ ਇਕ ਇਤਲਾਹ 'ਤੇ ਏ.ਐਸ. ਆਈ. ਨਸੀਮ ਖਾਂ ਵਲੋਂ ਪੁਲਿਸ ਪਾਰਟੀ ਨਾਲ ਪਸ਼ੂ ਮੰਡੀ ਨੇੜੇ ਝੁੱਗੀਆਂ ਵਿਖੇ ਮਾਰੇ ਛਾਪੇ ਦੌਰਾਨ ਬਾਹਰੋਂ ਲਿਆ ਕੇ ਮਹਿੰਗੇ ਭਾਅ ਤੇ ਸ਼ਰਾਬ ਵੇਚਣ ਵਾਲੇ ਕਰਤਾਰ ਚੰਦ ਪੁੱਤਰ ਪ੍ਰੇਹਲਾਦ ਨੂੰ 36 ਬੋਤਲਾਂ ਸ਼ਰਾਬ ਮਾਰਕਾ ਊਨਾ ਸਮੇਤ ਕਾਬੂ ਕਰ ਲਿਆ। ਪੁਲਿਸ ਨੇ ਆਬਕਾਰੀ ਕਾਨੂੰਨ ਤਹਿਤ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

ਅਜੀਤ ®©
28-Feb-2022
Page: 5
http://epaper.ajitjalandhar.com/edition/20220228/10/5.cm